# Official Spokesperson's response to media queries on the incident of desecration of the sanctity of Gurudwara Shri Darbar Sahib in Pakistan

November 30, 2021

---

## ਪਾਕਿਸਤਾਨ ਵਿੱਚ ਗੁਰਦੁਆਰਾ ਸ਼੍ਰੀ ਦਰਬਾਰ ਸਾਹਿਬ ਦੀ ਬੇਅਦਬੀ ਕੀਤੇ ਜਾਣ ਦੀ ਘਟਨਾ ਬਾਰੇ ਮੀਡੀਆ ਦੇ ਸਵਾਲਾਂ ਦਾ ਸਰਕਾਰੀ ਬੁਲਾਰੇ ਵੱਲੋਂ ਜਵਾਬ

30 ਨਵੰਬਰ, 2021

ਪਾਕਿਸਤਾਨ ਵਿੱਚ ਗੁਰਦੁਆਰਾ ਸ਼੍ਰੀ ਦਰਬਾਰ ਸਾਹਿਬ ਦੀ ਬੇਅਦਬੀ ਕੀਤੇ ਜਾਣ ਦੀ ਘਟਨਾ ਬਾਰੇ ਮੀਡੀਆ ਦੇ ਸਵਾਲਾਂ ਦਾ ਜਵਾਬ ਦਿੰਦੇ ਹੋਏ ਸ਼੍ਰੀ ਅਰਿੰਦਮ ਬਾਗਚੀ ਨੇ ਕਿਹਾ:

ਪਾਕਿਸਤਾਨੀ ਮਾਡਲ ਅਤੇ ਕੱਪੜੇ ਦੇ ਬ੍ਰਾਂਡ ਦੁਆਰਾ ਕਰਤਾਰਪੁਰ ਵਿਖੇ ਗੁਰਦੁਆਰਾ ਸ਼੍ਰੀ ਦਰਬਾਰ ਸਾਹਿਬ ਦੀ ਬੇਅਦਬੀ ਕੀਤੇ ਜਾਣ ਦੀ ਘਟਨਾ 'ਤੇ ਡੂੰਘੀ ਚਿੰਤਾ ਪ੍ਰਗਟ ਕਰਨ ਲਈ ਅੱਜ ਪਾਕਿਸਤਾਨੀ ਚਾਰਜ ਡੀ' ਅਫੇਅਰਜ਼ ਨੂੰ ਤਲਬ ਕੀਤਾ ਗਿਆ। ਉਨ੍ਹਾਂ ਨੂੰ ਦੱਸਿਆ ਗਿਆ ਕਿ ਇਸ ਨਿੰਦਣਯੋਗ ਘਟਨਾ ਨਾਲ ਭਾਰਤ ਅਤੇ ਦੁਨੀਆਂ ਭਰ ਵਿਚ ਸਿੱਖਾਂ ਦੀਆਂ ਭਾਵਨਾਵਾਂ ਨੂੰ ਡੂੰਘੀ ਠੇਸ ਪੁੱਜੀ ਹੈ।

ਪਾਕਿਸਤਾਨ ਅੰਦਰ ਘੱਟ ਗਿਣਤੀਆਂ ਦੇ ਧਾਰਮਿਕ ਸਥਾਨਾਂ ਦੀ ਬੇਅਦਬੀ ਅਤੇ ਨਿਰਾਦਰ ਦੀਆਂ ਅਜਿਹੀਆਂ ਘਟਨਾਵਾਂ ਦੇ ਲਗਾਤਾਰ ਜਾਰੀ ਰਹਿਣ ਤੋਂ ਇੰਨਾਂ ਭਾਈਚਾਰਿਆਂ ਦੇ ਧਰਮ ਪ੍ਰਤੀ ਸਤਿਕਾਰ ਦੀ ਘਾਟ ਨੂੰ ਉਜਾਗਰ ਹੁੰਦੀ ਹੈ।

ਉਨ੍ਹਾਂ ਨੂੰ ਅੱਗੇ ਦੱਸਿਆ ਗਿਆ ਕਿ ਸਾਨੂੰ ਉਮੀਦ ਹੈ ਕਿ ਪਾਕਿਸਤਾਨੀ ਅਧਿਕਾਰੀ ਇਸ ਮਾਮਲੇ ਦੀ ਇਮਾਨਦਾਰੀ ਨਾਲ ਜਾਂਚ ਕਰਨਗੇ ਅਤੇ ਦੋਸ਼ੀ ਵਿਅਕਤੀਆਂ ਖ਼ਿਲਾਫ਼ ਬਣਦੀ ਕਾਰਵਾਈ ਕਰਨਗੇ।

ਨਵੀਂ ਦਿੱਲੀ
30 ਨਵੰਬਰ, 2021

DISCLAIMER: This is an approximate translation. The original is available in English on MEA's website and may be referred to as the official press release.